ਮਾਝ ਮਹਲਾ ੫ ॥ ਧੰਨੁ ਸੁ ਵੇਲਾ ਜਿਤੁ ਮੈ ਸਤਿਗੁਰੁ ਮਿਲਿਆ ॥ ਸਫਲੁ ਦਰਸਨੁ ਨੇਤ੍ਰ ਪੇਖਤ ਤਰਿਆ ॥ ਧੰਨੁ ਮੂਰਤ ਚਸੇ ਪਲ ਘੜੀਆ ਧੰਨਿ ਸੁ ਓਇ ਸੰਜੋਗਾ ਜੀਉ ॥ ੧॥ ਉਦਮੁ ਕਰਤ ਮਨੁ ਨਿਰਮਲੁ ਹੋਆ ॥ ਹਰਿ ਮਾਰਗਿ ਚਲਤ ਭ੍ਰਮੁ ਸਗਲਾ ਖੋਇਆ ॥ ਨਾਮੁ ਨਿਧਾਨੁ ਸਤਿਗੁਰੂ ਸੁਣਾਇਆ ਮਿਟਿ ਗਏ ਸਗਲੇ ਰੋਗਾ ਜੀਉ ॥੨॥ ਅੰਤਰਿ ਬਾਹਰਿ ਤੇਰੀ ਬਾਣੀ ॥ ਤੁਧੁ ਆਪਿ ਕਥੀ ਤੈ ਆਪਿ ਵਖਾਣੀ ॥ ਗੁਰਿ ਕਹਿਆ ਸਭੁ ਏਕੋ ਏਕੋ ਅਵਰੁ ਨ ਕੋਈ ਹੋਇਗਾ ਜੀਉ ॥ ੩॥ ਅੰਮ੍ਰਿਤ ਰਸੁ ਹਰਿ ਗੁਰ ਤੇ ਪੀਆ ॥ ਹਰਿ ਪੈਨਣੁ ਨਾਮੁ ਭੋਜਨੁ ਥੀਆ ॥ਨਾਮਿ ਰੰਗ ਨਾਮਿ ਚੋਜ ਤਮਾਸੇ ਨਾਉ ਨਾਨਕ ਕੀਨੇ ਭੋਗਾ ਜੀਉ ॥੪॥੧੦॥੧੭॥ {ਪੰਨਾ 99}

ਪਦਅਰਥ:- ਧੰਨੁ—{GNX} ਭਾਗਾਂ ਵਾਲਾ। ਜਿਤੁ—ਜਿਸ (ਵੇਲੇ) ਵਿਚ। ਮੈ—ਮੈਨੂੰ। ਸਫਲੁ—ਫਲ ਦੇਣ ਵਾਲਾ। ਨੇਤ੍ਰ—ਅੱਖਾਂ ਨਾਲ। ਮੂਰਤ—{muhuqL} ਦੋ ਘੜੀਆਂ ਦਾ ਸਮਾ। ਚਸਾ—ਇਕ ਪਲ ਦਾ ਤ੍ਰੀਹਵਾਂ ਹਿੱਸਾ। ਓਇ—{ਲਫ਼ਜ਼ 'ਓਹੁ' ਤੋਂ ਬਹੁ-ਵਚਨ}। ਸੰਜੋਗਾ—ਮਿਲਾਪ ਦੇ ਸਮੇ।1।

ਕਰਤ—ਕਰਦਿਆਂ। ਹੋਆ—ਹੋ ਗਿਆ। ਮਾਰਗਿ—ਰਸਤੇ ਉਤੇ। ਭ੍ਰਮੁ—ਭਟਕਦਾ।2।

ਵਖਾਣੀ—ਬਿਆਨ ਕੀਤੀ। ਕਥੀ—ਆਖੀ। ਤੈ—ਤੈਂ, ਤੂੰ। ਗੁਰਿ—ਗੁਰੂ ਨੇ। ਸਭੁ—ਹਰ ਥਾਂ।3।

ਅੰਮ੍ਰਿਤ ਰਸੁ—ਨਾਮ ਅੰਮ੍ਰਿਤ ਦਾ ਸੁਆਦ। ਤੇ—ਤੋਂ। ਥੀਆ—ਹੋ ਗਿਆ ਹੈ। ਨਾਮਿ—ਨਾਮ ਵਿਚ (ਜੁੜੇ ਰਹਿਣਾ)। ਭੋਗਾ—ਦੁਨੀਆ ਦੇ ਪਦਾਰਥ ਮਾਣਨੇ।4।

ਅਰਥ:- (ਮੇਰੇ ਭਾ ਦਾ) ਉਹ ਵੇਲਾ ਭਾਗਾਂ ਵਾਲਾ (ਸਾਬਤ ਹੋਇਆ) ਜਿਸ ਵੇਲੇ ਮੈਨੂੰ ਸਤਿਗੁਰੂ ਮਿਲ ਪਿਆ, (ਗੁਰੂ ਦਾ) ਦਰਸਨ (ਮੇਰੇ ਵਾਸਤੇ) ਫਲ-ਦਾਇਕ ਹੋ ਗਿਆ (ਕਿਉਂਕਿ ਇਹਨਾਂ) ਅੱਖਾਂ ਨਾਲ (ਗੁਰੂ ਦਾ) ਦਰਸਨ ਕਰਦਿਆਂ (ਹੀ) ਮੈਂ (ਵਿਕਾਰਾਂ ਦੇ ਸਮੁੰਦਰ ਤੋਂ) ਪਾਰ ਲੰਘ ਗਿਆ। (ਸੋ ਮੇਰੇ ਵਾਸਤੇ) ਉਹ ਮੁਹੂਰਤ ਉਹ ਚਸੇ ਉਹ ਪਲ ਘੜੀਆਂ ਉਹ (ਗੁਰੂ-) ਮਿਲਾਪ ਦੇ ਸਮੇ ਸਾਰੇ ਹੀ ਭਾਗਾਂ ਵਾਲੇ ਹਨ।1।

(ਗੁਰੂ ਦੀ ਦੱਸੀ ਸਿਮਰਨ-ਕਾਰ ਵਾਸਤੇ) ਉੱਦਮ ਕਰਦਿਆਂ (ਮੇਰਾ) ਮਨ ਪਵਿਤ੍ਰ ਹੋ ਗਿਆ ਹੈ, (ਗੁਰੂ ਦੀ ਰਾਹੀਂ) ਪ੍ਰਭੂ ਦੇ ਰਸਤੇ ਉੱਤੇ ਤੁਰਦਿਆਂ ਮੇਰੀ ਸਾਰੀ ਭਟਕਣਾ ਮੁੱਕ ਗਈ ਹੈ। ਗੁਰੂ ਨੇ ਮੈਨੂੰ (ਸਾਰੇ ਗੁਣਾਂ ਦਾ) ਖ਼ਜ਼ਾਨਾ ਪ੍ਰਭੂ ਦਾ ਨਾਮ ਸੁਣਾ ਦਿੱਤਾ ਹੈ (ਉਸ ਦੀ ਬਰਕਤਿ ਨਾਲ) ਮੇਰੇ ਸਾਰੇ (ਮਾਨਸਿਕ) ਰੋਗ ਦੂਰ ਹੋ ਗਏ ਹਨ।

(ਹੇ ਪ੍ਰਭੂ!) ਗੁਰੂ ਨੇ ਮੈਨੂੰ ਦੱਸਿਆ ਹੈ ਕਿ ਹਰ ਥਾਂ ਇਕ ਤੂੰ ਹੀ ਤੂੰ ਹੈਂ, ਤੇਰੇ ਬਰਾਬਰ ਦਾ ਹੋਰ ਕੋਈ ਭੀ (ਨਾਹ ਹੋਇਆ, ਨਾਹ ਹੈ ਤੇ) ਨਾਹ ਹੋਵੇਗਾ। (ਇਸ ਵਾਸਤੇ ਹੁਣ ਮੈਨੂੰ) ਅੰਦਰ ਬਾਹਰ (ਸਭ ਜੀਵਾਂ ਵਿਚ) ਤੇਰਾ ਹੀ ਬਾਣੀ ਸੁਣਾਈ ਦੇ ਰਹੀ ਹੈ (ਹਰੇਕ ਵਿਚ ਤੂੰ ਹੀ ਬੋਲਦਾ ਪ੍ਰਤੀਤ ਹੋ ਰਿਹਾ ਹੈਂ। ਮੈਨੂੰ ਇਹ ਨਿਸਚਾ ਹੋ ਗਿਆ ਹੈ ਕਿ ਹਰੇਕ ਜੀਵ ਵਿਚ) ਤੂੰ ਆਪ ਹੀ ਕਥਨ ਕਰ ਰਿਹਾ ਹੈਂ, ਤੂੰ ਆਪ ਹੀ ਵਖਿਆਨ ਕਰ ਰਿਹਾ ਹੈਂ।3।

ਹੇ ਨਾਨਕ! (ਆਖ—) ਪਰਮਾਤਮਾ ਦੇ ਨਾਮ-ਰਸ ਦਾ ਸੁਆਦ ਮੈਨੂੰ ਗੁਰੂ ਪਾਸੋਂ ਪ੍ਰਾਪਤ ਹੋਇਆ ਹੈ। ਹੁਣ ਪਰਮਾਤਮਾ ਦਾ ਨਾਮ ਹੀ ਮੇਰਾ ਖਾਣ-ਪੀਣ ਹੈ ਤੇ ਨਾਮ ਹੀ ਮੇਰਾ ਹੰਢਾਣ ਹੈ, ਪ੍ਰਭੂ-ਨਾਮ ਵਿਚ ਜੁੜੇ ਰਹਿਣਾ ਹੀ ਮੇਰੇ ਵਾਸਤੇ ਦੁਨੀਆ ਦੀਆਂ ਖ਼ੁਸ਼ੀਆਂ ਹਨ, ਨਾਮ ਵਿਚ ਜੁੜੇ ਰਹਿਣਾ ਹੀ ਮੇਰੇ ਵਾਸਤੇ ਦੁਨੀਆ ਦੇ ਰੰਗ-ਤਮਾਸ਼ੇ ਹਨ, ਪ੍ਰਭੂ-ਨਾਮ ਹੀ ਮੇਰੇ ਵਾਸਤੇ ਦੁਨੀਆ ਦੇ ਭੋਗ-ਬਿਲਾਸ ਹੈ।4।10।17।